# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :24-06-2026**

ਪੰਜਾਬ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ ਘਰ – ਘਰ ਗਣਨਾ ਦਾ ਪੜਾਅ ਭਲਕੇ ਤੋਂ ਸ਼ੁਰੂ ਹੋ ਰਿਹਾ ਏ. ਇਸ ਸੰਬੰਧ 'ਚ ਇਕ ਪ੍ਰੈਸ ਕਾਨਫਰੰਸ ਵਿਚ ਪਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁਖ ਚੋਣ ਅਧਿਕਾਰੀ, ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਇਹ ਅਮਲ 25 ਜੂਨ ਤੋਂ 24 ਜੁਲਾਈ 2026 ਤਕ ਚਲੇਗਾ. ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਪਹਿਲੀ ਅਕਤੂਬਰ 2026 ਨੂੰ ਹੋਏਗੀ. ਓਹਨਾਂ ਦੱਸਿਆ ਕਿ ਸੂਬੇ ਭਰ ਵਿਚ 24 ਹਜ਼ਾਰ 453 ਬ੍ਲਾਕ ਪਧਰ ਅਧਿਕਾਰੀ BLO, ਘਰ – ਘਰ ਜਾ ਕੇ ਫਾਰਮ ਭਰਨਗੇ . ਸ਼੍ਰੀਮਤੀ ਮਿਤਰਾ ਨੇ ਕਿਹਾ ਕਿ ਹੁਣ ਤਕ ਸੂਬੇ ਭਰ 'ਚ 1 ਕਰੋੜ 84 ਲੱਖ ਵੋਟਰਾਂ ਭਾਵ 86 . 02 ਫੀਸਦੀ ਵੋਟਰਾਂ ਦੀ ਨਿਸ਼ਾਨਦੇਹੀ ਜਾਂ ਮੈਪਿੰਗ ਹੋ ਚੁਕੀ ਏ. ਓਹਨਾਂ ਨੇ ਇਹ ਗੱਲ ਸਪਸ਼ਟ ਕੀਤੀ ਕਿ ਜੇਕਰ ਕਿਸੇ ਵੋਟਰ ਦੀ ਮੈਪਿੰਗ ਨਹੀਂ ਹੋਈ ਏ ਤਾਂ ਉਸਦੀ ਵੋਟ ਨਹੀਂ ਕੱਟੀ ਜਾਏਗੀ ਸਗੋਂ ਅਜਿਹੇ ਵੋਟਰ ਕੋਲੋਂ ਕੁਝ ਦਸਤਾਵੇਜ਼ ਮੰਗ ਕੇ ਉਸਨੂੰ ਵੋਟਰ ਸੂਚੀ ਵਿਚ ਦਰਜ

ਕੀਤਾ ਜਾਏਗਾ. ਇਸ ਦੌਰਾਨ ਕੱਲ ਸ਼੍ਰੀਮਤੀ ਮਿਤਰਾ ਵਲੋਂ ਪੰਜਾਬ ਰਾਜ ਦੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਵੀ ਕੀਤੀ ਗਈ ਅਤੇ ਇਸ ਪੜਾਅ ਦੌਰਾਨ BLOs ਦੇ ਘਰ – ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ, ਇਹਨਾਂ ਫਾਰਮਾਂ ਨੂੰ ਭਰਨ ਅਤੇ ਇਕੱਤਰ ਕਰਨ ਸੰਬੰਧੀ ਜਾਣਕਾਰੀ ਸਾਂਝੀ ਕੀਤੀ ਗਈ.

---------------------------------------------------------------

ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਅੱਜ ਜਲੰਧਰ ਦੇ ਮੁੱਖ ਰੇਲਵੇ ਫਾਟਕਾਂ 'ਤੇ ਬਣਾਏ ਜਾਣ ਵਾਲੇ ਓਵਰ ਬ੍ਰਿਜਾਂ ਦੇ ਨੀਂਹ ਪੱਥਰ ਰੱਖੇ ਜਾਣਗੇ | ਇਹ ਰੇਲਵੇ ਓਵਰ ਬ੍ਰਿਜ ਭੀੜ ਬੜੱਕੇ ਵਾਲੇ ਦੋ ਰੇਲਵੇ CROSSING ਗੁਰੂ ਨਾਨਕਪੁਰਾ ਅਤੇ ਬੱਸ ਸਟੈਂਡ ਤੋਂ ਗੜ੍ਹਾ ਰੋਡ ਰੇਲਵੇ ਫਾਟਕ 'ਤੇ ਬਣਨਗੇ | ਇਹਨਾਂ ਦੋਵੇਂ ਰੇਲਵੇ ਓਵਰ ਬ੍ਰਿਜ ਬਣਨ ਨਾਲ ਟ੍ਰੈਫਿਕ ਜਾਮ ਦੀ ਮੁਸ਼ਕਿਲ ਤੋਂ ਰਾਹਤ ਮਿਲੇਗੀ |

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਪੰਚਾਂ ਨੂੰ ਦਿਹਾਤੀ ਪੰਜਾਬ ਦੇ ਬਦਲਾਅ ਦੀ ਅਗਵਾਈ ਕਰਨ ਦਾ ਸੱਦਾ ਦਿੱਤਾ ਅਤੇ ਸਪੱਸ਼ਟ ਕੀਤਾ ਕਿ ਪੰਜਾਬ ਨੂੰ ਦੇਸ਼ ਦਾ ਸਭ ਤੋਂ ਵੱਧ ਵਿਕਸਿਤ ਸੂਬਾ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸੂਬੇ ਦੇ ਪਿੰਡ, ਦੇਸ਼ ਵਿੱਚ ਸਭ ਤੋਂ ਵੱਧ ਵਿਕਸਿਤ ਹੋ ਕੇ ਉਭਰਨੇ ਚਾਹੀਦੇ ਨੇ. ਰਾਮਪੁਰਾ ਫੂਲ ਅਤੇ

ਤਲਵੰਡੀ ਸਾਬੋ ਦੇ ਸਰਪੰਚਾਂ ਅਤੇ ਪੰਚਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਏ ਅਤੇ ਇਸ ਕਾਰਜ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਫੰਡਾਂ ਦੀ ਵਰਤੋਂ ਇਸ ਤਰੀਕੇ ਨਾਲ ਕਰਨ, ਜਿਸ ਨਾਲ ਸਮਾਜ ਦੇ ਹਰ ਵਰਗ ਨੂੰ ਲਾਭ ਮਿਲੇ, ਜਦਕਿ ਸਿੱਖਿਆ, ਦਿਹਾਤੀ ਬੁਨਿਆਦੀ ਢਾਂਚੇ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਨੂੰ ਪਹਿਲ ਦਿੱਤੀ ਜਾਵੇ। ਮੁੱਖ ਮੰਤਰੀ ਨੇ ਪਿੰਡਾਂ ਦੇ ਵਿਕਾਸ ਅਤੇ ਸਿੰਜਾਈ ਨਾਲ ਸਬੰਧਤ ਮੁੱਦਿਆਂ ਦੀ ਵੀ ਸਮੀਖਿਆ ਕੀਤੀ ਅਤੇ ਕਿਸਾਨਾਂ ਲਈ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਅਤੇ ਪੰਜਾਬ ਦੀ ਤਰੱਕੀ ਤੇ ਖ਼ੁਸ਼ਹਾਲੀ ਦੀ ਰਫ਼ਤਾਰ ਤੇਜ਼ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ‘ਸਰਪੰਚ ਮਿਲਣੀ’ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਪੰਚ ਪਿੰਡ ਦਾ ਮੁਖੀ ਹੁੰਦਾ ਏ  ਤੇ ਇੱਕ ਚੰਗਾ ਸਰਪੰਚ ਪਿੰਡ ਦੀ ਨੁਹਾਰ ਬਦਲ ਸਕਦਾ ਏ ਅਤੇ ਲੋਕਾਂ ਦੀ ਖ਼ੁਸ਼ਹਾਲੀ ਯਕੀਨੀ ਬਣਾ ਸਕਦਾ ਏ । ਸਰਪੰਚਾਂ ਨੂੰ ਵਿਕਾਸ ਕਾਰਜਾਂ ਨੂੰ ਪਹਿਲ ਦੇਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਫੰਡ ਇਸ ਤਰੀਕੇ ਨਾਲ ਖ਼ਰਚ ਕੀਤੇ ਜਾਣੇ ਚਾਹੀਦੇ ਨੇ ਕਿ ਸਮਾਜ ਦੇ ਹਰ ਵਰਗ ਨੂੰ ਇਸ

ਦਾ ਲਾਭ ਮਿਲੇ। ਉਨ੍ਹਾਂ ਸਰਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਦੀ ਅਪੀਲ ਵੀ ਕੀਤੀ ਤਾਂ ਜੋ ਸੂਬੇ ਦੇ ਚੁਗਿਰਦੇ ਨੂੰ ਬਚਾਇਆ ਜਾ ਸਕੇ।

---------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ 85 ਫੀਸਦੀ ਜਾਂ ਇਸ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 1 ਹਜ਼ਾਰ 50 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ । ਸ੍ਰੀ ਮੁਕਤਸਰ ਸਾਹਿਬ ਵਿਖੇ 'ਬ੍ਰਾਈਟ ਮਾਈਂਡਜ਼ ਪੰਜਾਬ 2026' ਪ੍ਰੋਗਰਾਮ ਤਹਿਤ ਕਰਵਾਏ ਗਏ ਇਸ ਸਮਾਰੋਹ ਦੌਰਾਨ ਸ੍ਰੀ ਬੈਂਸ ਨੇ ਕਿਹਾ ਕਿ ਸਿੱਖਿਆ, ਸਾਰੀਆਂ ਸਮਾਜਿਕ ਚੁਣੌਤੀਆਂ ਦਾ ਸਭ ਤੋਂ ਢੁਕਵਾਂ ਹਲ ਏ । ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦੀ ਸਿੱਖਿਆ ਨੂੰ ਤਰਜੀਹ ਦੇਣ ਤਾਂ ਜੋ ਉਹ ਪੇਸ਼ੇਵਰ ਬੁਲੰਦੀਆਂ ਨੂੰ ਛੋਹ ਕੇ ਸੂਬੇ ਅਤੇ ਦੇਸ਼ ਦਾ ਨਾਂ ਰੌਸ਼ਨ ਕਰ ਸਕਣ ।

---------------------------------------------------

ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਫ਼ਾਜ਼ਿਲਕਾ ਹਲਕੇ ਦੇ ਵਾਸੀਆਂ ਨੂੰ ਕਰੀਬ 45.74 ਕਰੋੜ ਰੁਪਏ ਦੀ ਲਾਗਤ ਵਾਲੇ ਸੱਤ ਸਿੰਜਾਈ ਅਤੇ ਬੁਨਿਆਦੀ ਢਾਂਚਾ

ਪ੍ਰਾਜੈਕਟਾਂ ਦੀ ਸੌਗਾਤ ਦਿੱਤੀ। ਉਨ੍ਹਾਂ 33.51 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਤਿੰਨ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ 8.89 ਕਰੋੜ ਰੁਪਏ ਦੀ ਲਾਗਤ ਨਾਲ ਸਤਲੁਜ ਕਰੀਕ 'ਤੇ ਬਣਨ ਵਾਲੇ ਵੀ.ਆਰ. ਬਰਿੱਜ ਦੀ ਉਸਾਰੀ ਦੇ ਨੀਹਂ ਪੱਥਰ ਰੱਖਣ ਸਣੇ ਜ਼ਮੀਨ ਹੇਠਲੀ  ਪਾਈਪਲਾਈਨ ਤੇ ਵਰਟੀਕਲ ਡਰੇਨੇਜ ਸਿਸਟਮ ਰਾਹੀਂ ਸੋਲਰ ਪੰਪਾਂ ਨਾਲ ਸੇਮ-ਗ੍ਰਸਤ ਜ਼ਮੀਨ ਸੁਧਾਰ ਦੇ 3.34 ਕਰੋੜ ਰੁਪਏ ਦੇ ਤਿੰਨ ਪ੍ਰਾਜੈਕਟ ਦਾ ਨੀਂਹ ਪੱਥਰ ਵੀ ਰੱਖਿਆ। ਇਨ੍ਹਾਂ ਪ੍ਰਾਜੈਕਟਾਂ ਵਿੱਚ 42.56 ਕਿਲੋਮੀਟਰ ਨਹਿਰਾਂ ਦੀ ਕੰਕਰੀਟ ਲਾਈਨਿੰਗ, 81.36 ਕਿਲੋਮੀਟਰ ਖਾਲਿਆਂ ਨੂੰ ਪੱਕਾ ਕਰਨਾ, ਸਾਂਝਾ ਜ਼ਮੀਨਦੋਜ਼ ਪਾਈਪਲਾਈਨ ਯੋਜਨਾ ਸਿੰਚਾਈ ਪ੍ਰਾਜੈਕਟ ਅਤੇ ਸੇਮ-ਗ੍ਰਸਤ ਜ਼ਮੀਨ ਦੇ ਸੁਧਾਰ ਨਾਲ ਸਬੰਧਤ ਕੰਮ ਸ਼ਾਮਲ ਨੇ.

---

ਮਰਦਾਂ ਦੀ  ਹਾਕੀ ਵਿੱਚ, ਬੀਤੀ ਰਾਤ ਭਾਰਤ ਨੇ FIH ਪ੍ਰੋ ਲੀਗ ਦੇ ਲੰਡਨ ਪੜਾਅ ਦੇ ਆਪਣੇ ਪਹਿਲੇ ਮੈਚ ਵਿੱਚ, ਪਾਕਿਸਤਾਨ ਨੂੰ 4-3 ਨਾਲ ਹਰਾ ਦਿੱਤਾ ਏ। ਭਾਰਤ ਲਈ ਅਭਿਸ਼ੇਕ ਨੈਨ, ਨੀਲਕਾਂਤ ਸ਼ਰਮਾ, ਸੁਖਜੀਤ ਸਿੰਘ ਅਤੇ ਰਜਿੰਦਰ ਸਿੰਘ ਨੇ ਗੋਲ ਕੀਤੇ। ਪਾਕਿਸਤਾਨ ਦੇ ਅਹਿਮਦ ਨਦੀਮ ਨੇ ਤਿੰਨ ਗੋਲ ਕੀਤੇ। ਭਾਰਤੀ ਟੀਮ ਨੇ ਆਪਣੀ ਲੀਡ ਬਣਾਈ ਰੱਖੀ ਅਤੇ ਮੈਚ ਆਪਣੇ ਨਾਂ ਕੀਤਾ।